# ਦਫਤਰ ਜ਼ਿਲ੍ਹਾ ਮੈਜਿਸਟਰੇਟ, ਪਠਾਨਕੋਟ।

## (ਫੁਟਕਲ ਸ਼ਾਖਾ)

## ਹੁਕਮ

ਸਾਲ 2021 ਦੀ ਕਣਕ (ਫਸਲ) ਦੀ ਕਟਾਈ ਦਾ ਕੰਮ ਸ਼ੁਰੂ ਹੋਣ ਵਾਲਾ ਹੈ।ਆਮ ਤੌਰ ਤੇ ਵੇਖਣ ਵਿੱਚ ਆਇਆ ਹੈ ਕਿ ਕਣਕ ਕੱਟਣ ਉਪਰੰਤ ਉਸਦੇ ਨਾੜ ਨੂੰ ਅੱਗ ਲਗਾ ਦਿੱਤੀ ਜਾਂਦੀ ਹੈ,ਜਿਸ ਨਾਲ ਨੁਕਸਾਨ ਹੋਣ ਦੀ ਸੰਭਾਵਨਾ ਬਣੀ ਰਹਿੰਦੀ ਹੈ। ਹਵਾ ਵਿੱਚ ਧੂੰਏ ਨਾਲ ਬਹੁਤ ਪ੍ਰਦੂਸ਼ਣ ਫੈਲਦਾ ਹੈ, ਜਿਸ ਨਾਲ ਸਾਹ ਦੀਆਂ ਬਿਮਾਰੀਆਂ ਹੋ ਸਕਦੀਆਂ ਹਨ। ਰਹਿੰਦ/ਖੂੰਹਦ ਨੂੰ ਅੱਗ ਲਗਾਉਣ ਨਾਲ ਜ਼ਮੀਨ ਦੀ ਉਪਰਲੀ ਸਤਹ ਅੱਗ ਨਾਲ ਜਲਣ ਕਾਰਨ ਇਸ ਵਿੱਚ ਮੌਜੂਦ ਕਈ ਲਾਭਦਾਇਕ ਜੀਵਾਣੂੰ ਮਰ ਜਾਂਦੇ ਹਨ। ਜਿਸ ਨਾਲ ਖੇਤ ਦੀ ਉਪਜਾਊ ਸ਼ਕਤੀ ਨਸ਼ਟ ਹੁੰਦੀ ਹੈ। ਇਸ ਨਾਲ ਆਲੇ ਦੁਆਲੇ ਖੜੀਆਂ ਫਸਲਾਂ ਤੋਂ ਇਲਾਵਾ ਪਿੰਡ ਦੀ ਅਬਾਦੀ ਵਿੱਚ ਵੀ ਅੱਗ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਜਿਸ ਨਾਲ ਵੱਡੇ ਹਾਦਸੇ ਵੀ ਵਾਪਰ ਸਕਦੇ ਹਨ। ਸੜਕਾਂ ਦੁਆਲੇ ਮੌਜੂਦ ਰਹਿੰਦ-ਖੂੰਹਦ ਨੂੰ ਅੱਗ ਲਗਾਉਣ ਨਾਲ ਆਵਾਜਾਈ ਵਿੱਚ ਵਿਘਨ ਪੈਂਦਾ ਹੈ ਅਤੇ ਕਈ ਹਾਦਸੇ ਹੋ ਸਕਦੇ ਹਨ। ਇਸ ਨਾਲ ਪਿੰਡਾਂ ਵਿੱਚ ਲੜਾਈ ਝਗੜਾ ਹੋਣ ਦਾ ਵੀ ਡਰ ਰਹਿੰਦਾ ਹੈ, ਜਿਸ ਨਾਲ ਸਿੱਧਾ ਨੁਕਸਾਨ ਕਿਸਾਨਾਂ ਨੂੰ ਹੁੰਦਾ ਹੈ ਅਤੇ ਅਸਿੱਧੇ ਤੌਰ ਤੇ ਅਸਰ ਦੇਸ਼ ਦੇ ਉਤਪਾਦਨ ਤੇ ਪੈਂਦਾ ਹੈ।

ਇਸ ਲਈ ਮੈਂ ਸੰਯਮ ਅਗਰਵਾਲ, **ਆਈ.ਏ.ਐਸ ਜ਼ਿਲ੍ਹਾ** ਮੈਜਿਸਟਰੇਟ, ਪਠਾਨਕੋਟ ਜਾਬਤਾ ਫੌਜਦਾਰੀ ਸੰਘਤਾ 1973 (ਐਕਟ ਨੰ 2) ਦੀ ਧਾਰਾ 144 ਤਹਿਤ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਾ ਹੋਇਆ ਜ਼ਿਲ੍ਹਾ ਪਠਾਨਕੋਟ ਅੰਦਰ **ਕਣਕ** ਦੀ ਰਹਿੰਦ-ਖੂੰਹਦ (ਨਾੜ) ਨੂੰ ਅੱਗ ਲਗਾਉਣ ਤੇ ਪੂਰਨ ਤੌਰ ਤੇ ਪਾਬੰਦੀ ਲਗਾਉਂਦਾ ਹਾਂ।

ਇਹ ਹੁਕਮ ਮੌਜੂਦਾ ਸਥਿਤੀ ਦੀ ਤੱਤਪਰਤਾ ਨੂੰ ਮੁੱਖ ਰੱਖਦੇ ਹੋਏ ਇਹ ਹੁਕਮ ਇੱਕ ਤਰਫਾ ਪਾਸ ਕੀਤਾ ਜਾਂਦਾ ਹੈ ਅਤੇ ਆਮ ਲੋਕਾਂ ਨੂੰ ਸੰਬੋਧਨ ਕੀਤਾ ਜਾਂਦਾ ਹੈ।

<u>ਇਹ ਹੁਕਮ ਮਿਤੀ 18/04/2021 ਤੋਂ 15/06/2021 ਤੱਕ ਲਾਗੂ ਰਹੇਗਾ।</u>

ਇਹ ਹੁਕਮ ਲਾਗੂ ਕਰਨ ਲਈ ਜ਼ਿਲ੍ਹਾ ਲੋਕ ਸੰਪਰਕ ਅਫਸਰ, ਪਠਾਨਕੋਟ ਵੱਲੋਂ ਮੀਡੀਆ/ਅਖਬਾਰਾਂ ਰਾਹੀਂ ਆਮ ਪਬਲਿਕ ਨੂੰ ਸੂਚਿਤ /ਪ੍ਰਚਾਰ ਕੀਤਾ ਜਾਵੇਗਾ ਅਤੇ ਹੁਕਮ ਦੀਆਂ ਨਕਲਾਂ ਅਦਾਲਤ ਡੀ.ਐਮ/ਏ.ਡੀ.ਐਮ/ ਉਪ ਮੰਡਲ ਮੈਜਿਸਟਰੇਟਾਂ, ਤਹਿਸੀਲ ਦਫਤਰਾਂ/ਨਗਰ ਕੌਸਲਾਂ /ਬੀ.ਡੀ.ਪੀ.ਓ ਦਫਤਰਾਂ ਦੇ ਨੋਟਿਸ ਬੋਰਡ ਤੇ ਚਸਪਾ ਕਰਕੇ ਲਾਗੂ ਕੀਤਾ ਜਾਵੇਗਾ।

ਇਹ ਹੁਕਮ ਅੱਜ ਮਿਤੀ 09/04/21 ਨੂੰ ਮੇਰੇ ਦਸਤਖਤਾਂ ਅਤੇ ਮੋਹਰ ਅਦਾਲਤ ਨਾਲ ਜਾਰੀ ਕੀਤਾ ਗਿਆ।

DISTRICT MAGISTRATE PATHANKOT

ਸੰਯਮ ਅਗਰਵਾਲ, ਆਈ.ਏ.ਐਸ.
ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

ਪਿੱਠ ਅੰਕਣ ਨੰ:- 3548-84 ਮਿਤੀ :- 09/04/2021

ਉਕਤ ਦਾ ਉਤਾਰਾ ਨਿਮਨ - ਲਿਖਤ ਪਾਸ ਸੂਚਨਾ /ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

1) ਮੁੱਖ ਸਕੱਤਰ, ਪੰਜਾਬ ਸਰਕਾਰ, ਚੰਡੀਗੜ੍ਹ।
2) ਪ੍ਰਮੁੱਖ ਸਕੱਤਰ, ਗ੍ਰਹਿ ਵਿਭਾਗ, ਚੰਡੀਗੜ੍ਹ।
3) ਡਾਇਰੈਕਟਰ ਜਨਰਲ ਆਫ ਪੁਲਿਸ, ਪੰਜਾਬ, ਚੰਡੀਗੜ੍ਹ।
4) ਪੰਜਾਬ ਰਾਜ ਦੇ ਸਮੂਹ ਜ਼ਿਲ੍ਹਾ ਮੈਜਿਸਟਰੇਟ ਸ੍ਰੀ ਅੰਮ੍ਰਿਤਸਰ ਸਾਹਿਬ, ਬਰਨਾਲਾ, ਬਠਿੰਡਾ, ਫਰੀਦਕੋਟ, ਫਤਿਹਗੜ੍ਹ ਸਾਹਿਬ, ਫਾਜਿਲਕਾ, ਫਿਰੋਜਪੁਰ, ਗੁਰਦਾਸਪੁਰ, ਹੁਸ਼ਿਆਰਪੁਰ, ਜਲੰਧਰ, ਕਪੂਰਥਲਾ,ਲੁਧਿਆਣਾ, ਮੋਗਾ, ਮੋਹਾਲੀ, ਸ੍ਰੀ ਮੁਕਤਸਰ ਸਾਹਿਬ, ਮਾਨਸਾ, ਪਟਿਆਲਾ, ਰੂਪ ਨਗਰ, ਸੰਗਰੂਰ, ਸ਼ਹੀਦ ਭਗਤ ਸਿੰਘ ਨਗਰ(ਨਵਾਂ ਸ਼ਹਿਰ), ਤਰਨ ਤਾਰਨ।
5) ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ, ਪਠਾਨਕੋਟ।
6) ਸੀਨੀਅਰ ਕਪਤਾਨ ਪੁਲਿਸ, ਪਠਾਨਕੋਟ।
7) **ਅਧੀਨ ਸਕੱਤਰ ਮਾਲ(ਕ) ਪੰਜਾਬ ਸਰਕਾਰ, ਮਾਲ,ਪੁਨਰਵਾਸ ਤੇ ਡਿਜਾਸਟਰ ਮੈਨੇਜ਼ਮੈਂਟ ਵਿਭਾਗ(ਮਾਲ ਤਾਲਮੇਲ ਸ਼ਾਖਾ),ਚੰਡੀਗੜ੍ਹ।**
8) ਉਪ ਮੰਡਲ ਮੈਜਿਸਟਰੇਟ, ਪਠਾਨਕੋਟ/ਧਾਰਕਲ੍ਹਾਂ।
9) ਜ਼ਿਲ੍ਹਾ ਅਟਾਰਨੀ, ਪਠਾਨਕੋਟ।
10) ਜ਼ਿਲ੍ਹਾ ਕੰਟਰੋਲਰ ਖੁਰਾਕ ਤੇ ਸਿਵਲ ਸਪਲਾਈਜ ਵਿਭਾਗ, ਪਠਾਨਕੋਟ।
11) ਜ਼ਿਲ੍ਹਾ ਮੰਡੀ ਅਫਸਰ, ਪਠਾਨਕੋਟ।
12) ਤਹਿਸੀਲਦਾਰ, ਪਠਾਨਕੋਟ/ ਧਾਰਕਲ੍ਹਾਂ।
13) ਸਮੂਹ ਬਲਾਕ ਵਿਕਾਸ ਅਤੇ ਪੰਚਾਇਤ ਅਫਸਰ,ਪਠਾਨਕੋਟ।
14) ਮੁੱਖ ਖੇਤੀਬਾੜੀ ਅਫਸਰ, ਪਠਾਨਕੋਟ।
15) ਜ਼ਿਲ੍ਹਾ ਲੋਕ ਤੇ ਸੰਪਰਕ ਅਫਸਰ,ਪਠਾਨਕੋਟ ਭੇਜ ਕੇ ਹਦਾਇਤ ਕੀਤੀ ਜਾਂਦੀ ਹੈ ਕਿ ਇਸ ਸਬੰਧੀ ਆਪਣੇ ਪੱਧਰ ਤੇ ਪ੍ਰੈਸ ਨੋਟ ਵੀ ਜਾਰੀ ਕੀਤਾ ਜਾਵੇ।

ਸੰਯਮ ਅਗਰਵਾਲ, ਆਈ.ਏ.ਐਸ.
ਜ਼ਿਲ੍ਹਾ ਮੈਜਿਸਟਰੇਟ,
ਪਠਾਨਕੋਟ।

Scanned with CamScanner